# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ:05-04-2024**

ਲੋਕਸਭਾ ਚੋਣਾਂ 2024 ਲਈ ਦੂਰਦਰਸ਼ਨ ਅਤੇ ਆਕਾਸ਼ਵਾਣੀ 'ਤੇ ਮਾਨਤਾ ਪ੍ਰਾਪਤ ਰਾਸ਼ਟਰੀ ਪਾਰਟੀਆਂ ਨੂੰ ਪ੍ਰਸਾਰਣ ਸਮੇਂ ਦੀ ਅਲਾਟਮੈਂਟ ਲਈ, ਲਾਟ ਅਭਿਆਸ ਦਾ ਡਰਾਅ ਕੱਲ੍ਹ ਨਵੀਂ ਦਿੱਲੀ ਦੇ ਰੰਗ ਭਵਨ ਵਿਖੇ ਆਯੋਜਿਤ ਕੀਤਾ ਗਿਆ ਸੀ। ਦੂਰਦਰਸ਼ਨ ਅਤੇ ਆਕਾਸ਼ਵਾਣੀ 'ਤੇ ਹਰੇਕ ਰਾਸ਼ਟਰੀ ਪਾਰਟੀ ਨੂੰ ਵੱਖਰੇ ਤੌਰ 'ਤੇ 45 ਮਿੰਟ ਦਿੱਤੇ ਗਏ ਨੇ। 6 ਰਾਸ਼ਟਰੀ ਪਾਰਟੀਆਂ ਨੂੰ ਟੈਲੀਕਾਸਟ ਅਤੇ ਪ੍ਰਸਾਰਣ ਦਾ ਵਾਧੂ ਪੰਜ ਘੰਟੇ 30 ਮਿੰਟ ਦਾ ਸਮਾ ਵੀ ਦਿੱਤਾ ਗਿਆ ਏ। 16 ਤੇ 23 ਅਪ੍ਰੈਲ ਨੂੰ ਅਤੇ 3, 10, 17, 22 ਅਤੇ 29 ਮਈ ਨੂੰ ਟੈਲੀਕਾਸਟ ਅਤੇ ਪ੍ਰਸਾਰਣ ਕੀਤਾ ਜਾਵੇਗਾ।

---------------------------------------------

ਭਾਰਤ ਚੋਣ ਕਮਿਸ਼ਨ ਵੱਲੋਂ ਨਾਗਰਿਕਾਂ ਅਤੇ ਵੋਟਰਾਂ ਦੀ ਸਹੂਲਤ ਲਈ ਮੋਬਾਈਲ ਐੱਪ ਚਲਾਈਆਂ ਗਈਆਂ ਨੇ, ਜਿਨ੍ਹਾਂ ਦੇ ਇਸਤੇਮਾਲ ਨਾਲ ਲੋਕ ਆਪਣੀ ਵੋਟ ਅਤੇ ਇਸ ਨਾਲ ਸਬੰਧਿਤ ਹੋਰ ਵੇਰਵੇ ਹਾਸਲ ਕਰ ਸਕਦੇ ਨੇ । ਫਰੀਦਕੋਟ ਦੇ ਜ਼ਿਲ੍ਹਾ ਚੋਣ ਅਫ਼ਸਰ ਵਿਨੀਤ ਕੁਮਾਰ ਨੇ ਦੱਸਿਆ ਕਿ ਚੋਣ ਕਮਿਸ਼ਨ ਵੱਲੋਂ ਚਲਾਈ ਵੋਟਰ ਹੈਲਪਲਾਈਨ ਐੱਪ ਬਹੁਤ ਲਾਹੇਵੰਦ ਸਿੱਧ ਹੋ ਰਹੀ ਏ । ਉਨ੍ਹਾਂ ਦੱਸਿਆ ਕਿ ਵੋਟਰਾਂ ਵੱਲੋਂ ਹੈਲਪਲਾਈਨ ਐੱਪ ਰਾਹੀਂ, ਆਪਣਾ ਨਾਮ ਲੱਭਣ ਲਈ, ਫ਼ਾਰਮ ਆਨ ਲਾਈਨ ਜਮ੍ਹਾਂ ਕਰਵਾਉਣ, ਆਪਣੇ ਫ਼ਾਰਮਾਂ ਦਾ ਸਟੇਟਸ ਜਾਨਣ ਲਈ, ਚੋਣਾਂ ਸਬੰਧੀ ਅਤੇ ਇਲੈਕਟ੍ਰੋਨਿਕ ਵੋਟਿੰਗ ਮਸ਼ੀਨਾਂ ਦੀ ਜਾਣਕਾਰੀ ਲਈ ਇਸ ਐੱਪ ਦੀ ਵਰਤੋਂ ਕੀਤੀ ਜਾਂਦੀ ਏ । ਉਨ੍ਹਾਂ ਜ਼ਿਲ੍ਹੇ ਦੇ ਸਮੂਹ ਵੋਟਰਾਂ ਨੂੰ ਅਪੀਲ ਕੀਤੀ ਕਿ ਵੋਟਰ ਹੈਲਪ ਲਾਈਨ ਐੱਪ ਆਪਣੇ ਫ਼ੋਨ 'ਤੇ ਡਾਊਨਲੋਡ ਕਰਕੇ ਭਾਰਤ ਚੋਣ ਕਮਿਸ਼ਨ ਵੱਲੋਂ ਦਿੱਤੀਆਂ ਜਾ ਰਹੀਆਂ ਸਹੂਲਤਾਂ ਦਾ ਲਾਭ ਉਠਾਉਣ । ਉਨ੍ਹਾਂ ਕਿਹਾ ਕਿ ਰੁਝੇਵੇਆਂ ਕਾਰਣ ਲੋਕ ਆਪਣੀ ਵੋਟ ਸਬੰਧੀ ਵੇਰਵਿਆਂ ਤੋਂ ਜਾਣੂ ਨਹੀਂ ਹੁੰਦੇ ਪਰ

ਇਸ ਐੱਪ ਰਾਹੀਂ ਆਸਾਨੀ ਨਾਲ ਕੋਈ ਵੀ ਵਿਅਕਤੀ ਆਪਣੀ ਵੋਟ ਸਬੰਧੀ ਵੇਰਵੇ, ਪੋਲਿੰਗ ਸਟੇਸ਼ਨ ਨੰਬਰ, ਉਸ ਦੀ ਲੋਕੇਸ਼ਨ ਆਦਿ ਬਾਰੇ ਜਾਣਕਾਰੀ ਲੈ ਸਕਦਾ ਏ।

---------------------------------------------------------------

ਪਟਿਆਲਾ ਦੇ ਜ਼ਿਲ੍ਹਾ ਚੋਣ ਅਫ਼ਸਰ ਸ਼ੌਕਤ ਅਹਿਮਦ ਪਰੇ ਨੇ ਸਵੀਪ ਪਟਿਆਲਾ ਵੱਲੋਂ ਤਿਆਰ ਕਰਵਾਇਆ ਗੀਤ 'ਵੋਟ ਪਾਉਣੀ ਏ ਜ਼ਰੂਰੀ, ਏਹ ਹੱਕ ਤੇਰਾ ਏ' ਜਾਰੀ ਕੀਤਾ। ਇਹ ਗੀਤ ਰਾਜਪੁਰਾ ਦੇ ਨੋਡਲ ਅਫ਼ਸਰ ਡਾ.ਗੁਰਪ੍ਰੀਤ ਸਿੰਘ 'ਜੀ ਪੀ' ਵੱਲੋਂ ਲਿਖਿਆ ਗਿਆ ਏ ਅਤੇ ਮਹਿਮਾਨ ਵੱਲੋਂ ਗਾਇਆ ਗਿਆ ਏ। ਇਸ ਮੌਕੇ ਸ਼ੌਕਤ ਅਹਿਮਦ ਪਰੇ ਨੇ ਕਿਹਾ ਕਿ ਇਸ ਗੀਤ ਦਾ ਹਰ ਇੱਕ ਸ਼ਬਦ ਵੋਟਰਾਂ ਨੂੰ ਵੋਟ ਪਾਉਣ ਲਈ ਪ੍ਰੇਰਿਤ ਕਰਦਾ ਏ ਅਤੇ ਸਾਨੂੰ ਆਸ ਵੀ ਏ ਕਿ ਪੰਜਾਬ ਵਿੱਚ ਵੋਟਾਂ ਦੀ ਦਰ ਵਧਾਉਣ ਵਿੱਚ ਇਹ ਗਾਣਾ ਮਹੱਤਵਪੂਰਨ ਯੋਗਦਾਨ ਪਾਵੇਗਾ।

---------------------------------------------------------------

ਗੁਰਦਾਸਪੁਰ ਦੇ SSP ਦਾਯਮਾ ਹਰੀਸ਼ ਕੁਮਾਰ ਨੇ, ਕੱਲ

ਸਮੂਹ GOs, ਮੁੱਖ ਅਫਸਰ ਥਾਣਾ ਅਤੇ ਸਮੂਹ ਇੰਚਾਰਜ ਯੂਨਿਟਾਂ ਨਾਲ ਮੀਟਿੰਗ ਕਰਕੇ ਕਿਹਾ ਕਿ ਚੋਣ ਕਮਿਸ਼ਨ ਵੱਲੋਂ ਜਾਰੀ ਹਦਾਇਤਾਂ ਦੀ ਸਖਤੀ ਨਾਲ ਪਾਲਣਾ ਕੀਤੀ ਜਾਵੇ। ਉਨ੍ਹਾਂ ਕਿਹਾ ਕਿ ਨਜਾਇਜ਼ ਸ਼ਰਾਬ ਤੇ ਨਸ਼ਿਆਂ ਦਾ ਕਾਰੋਬਾਰ ਕਰਨ ਵਾਲੇ ਵਿਅਕਤੀਆਂ ਖਿਲਾਫ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇ ਤਾਂ ਜੋ ਚੋਣਾਂ ਦੌਰਾਨ ਨਸ਼ਿਆਂ ਦੀ ਵਰਤੋਂ ਨੂੰ ਰੋਕਿਆ ਜਾ ਸਕੇ। ਇਸ ਤੋਂ ਇਲਾਵਾ ਜ਼ਿਲ੍ਹੇ ਵਿੱਚ ਅਸਲਾ ਧਾਰਕ ਦਾ 100 ਫੀਸਦੀ ਅਸਲਾ ਜਮ੍ਹਾਂ ਕੀਤਾ ਜਾਵੇ ਅਤੇ ਸਮਾਜ ਵਿਰੋਧੀ ਅਨਸਰਾਂ ਉੱਪਰ ਵਿਸ਼ੇਸ਼ ਨਜ਼ਰ ਰੱਖੀ ਜਾਵੇ। ਉਨ੍ਹਾਂ ਕਿਹਾ ਕਿ ਲੋਕ ਸਭਾ ਚੋਣਾਂ ਦੌਰਾਨ ਕਿਸੇ ਵੀ ਵਿਅਕਤੀ ਨੂੰ ਵਿਘਨ ਪਾਉਣ ਦੀ ਇਜਾਜ਼ਤ ਨਹੀਂ ਦਿੱਤੀ ਜਾਵੇਗੀ।

---------------------------------------------------

ਸਾਉਣੀ 2024 ਦੌਰਾਨ ਨਰਮੇ ਦੀ ਫਸਲ ਪ੍ਰਫੁਲਿਤ ਕਰਨ ਲਈ, ਖੇਤੀਬਾੜੀ ਵਿਭਾਗ ਬਠਿੰਡਾ ਦੀਆਂ ਗਠਿਤ ਟੀਮਾਂ ਵੱਲੋ ਵੱਖ-ਵੱਖ ਪਿੰਡਾਂ ਵਿੱਚ ਲਗਾਤਾਰ ਦੌਰੇ ਕੀਤੇ ਜਾ ਰਹੇ ਨੇ। ਇਸੇ ਲੜੀ ਤਹਿਤ ਮੁੱਖ ਖੇਤੀਬਾੜੀ ਅਫਸਰ ਡਾ. ਕਰਨਜੀਤ ਸਿੰਘ ਗਿੱਲ, ਬਲਾਕ ਖੇਤੀਬਾੜੀ

ਅਫਸਰ ਡਾ. ਬਲਜਿੰਦਰ ਸਿੰਘ, ਡਾ. ਸਰਬਜੀਤ ਸਿੰਘ, ਡਾ. ਜਸਵਿੰਦਰ ਕੁਮਾਰ ਅਤੇ ਡਾ. ਅਮਨਦੀਪ ਕੌਰ ਨੇ ਪਿੰਡ ਜੀਦਾ, ਹਰਰਾਏ ਪੁਰ, ਭੋਖੜਾ ਅਤੇ ਗਿੱਲ ਪੱਤੀ ਵਿੱਚ ਕਿਸਾਨਾਂ ਨੂੰ ਮਿਲ ਕੇ ਛਿਟੀਆਂ ਦੇ ਢੇਰਾਂ ਨੂੰ ਨਸ਼ਟ ਕਰਨ ਸਬੰਧੀ ਜਾਗਰੂਕ ਕੀਤਾ। ਡਾ. ਗਿੱਲ ਨੇ ਦੱਸਿਆ ਕਿ ਆਉਣ ਵਾਲੀ ਨਰਮੇ ਦੀ ਫਸਲ ਗੁਲਾਬੀ ਸੁੰਡੀ ਦੇ ਹਮਲੇ ਤੋਂ ਬਚਾਉਣ ਲਈ ਛਿਟੀਆਂ ਦੇ ਢੇਰਾਂ ਨੂੰ ਨਸ਼ਟ ਕਰਨਾ ਬਹੁਤ ਹੀ ਜ਼ਰੂਰੀ ਏ। ਨਰਮੇ ਦੀਆਂ ਛਿਟੀਆਂ ਦੇ ਢੇਰਾਂ ਵਿੱਚ ਅਣਖਿੜੇ ਟੀਡਿਆਂ ਅਤੇ ਸਿੱਕਰੀਆਂ ਨੂੰ ਝਾੜਿਆ ਜਾਵੇ ਅਤੇ ਰਹਿੰਦ ਖ਼ੂੰਹਦ ਨੂੰ ਨਸ਼ਟ ਕੀਤਾ ਜਾਵੇ ਕਿਉਕਿ ਗੁਲਾਬੀ ਸੁੰਡੀਆਂ ਦੇ ਲਾਰਵੇ ਢੇਰਾਂ ਵਿੱਚ ਮੌਜੂਦ ਹੁੰਦੇ ਨੇ।

----------------------------------------------------------

ਫਰੀਦਕੋਟ ਜ਼ਿਲੇ ਦੇ ਕੋਟਕਪੂਰਾ ਕਸਬੇ ਦੇ ਪਿੰਡ ਪੰਜ ਗਰਾਈਂ ਕੋਲ ਬੀਤੀ ਰਾਤ, ਇੱਕ ਟੈਮਪੂ ਤੇ ਟਰਾਲੇ ਵਿਚਾਲੇ ਹੋਈ ਟੱਕਰ ਵਿੱਚ ਪੰਜ ਜਣਿਆਂ ਦੀ ਮੌਤ ਹੋ ਗਈ ਅਤੇ 8 ਹੋਰ ਗੰਭੀਰ ਜ਼ਖ਼ਮੀ ਹੋ ਗਏ। ਜਖਮੀਆਂ ਨੂੰ ਇਲਾਜ ਲਈ ਕੋਟਕਪੂਰਾ ਤੇ ਫ਼ਰੀਦਕੋਟ ਦੇ ਹਸਪਤਾਲਾਂ ਵਿੱਚ ਦਾਖ਼ਲ ਕਰਵਾਇਆ ਗਿਆ ਏ। ਜਾਣਕਾਰੀ ਅਨੁਸਾਰ

ਕਸਬਾ ਸਾਦਿਕ ਨੇੜੇ ਪਿੰਡ ਮਰਾੜ ਦੇ ਰਹਿਣ ਵਾਲੇ ਇਹ ਲੋਕ, ਬਾਘਾ ਪੁਰਾਣਾ ਦੇ ਪਿੰਡ ਨਿਗਾਹੇ ਵਿਖੇ, ਇੱਕ ਧਾਰਮਿਕ ਸਥਾਨ 'ਤੇ ਮੱਥਾ ਟੇਕਣ ਤੋਂ ਬਾਅਦ ਵਾਪਸ ਪਰਤ ਰਹੇ ਸਨ ਕਿ ਕੋਟਕਪੁਰਾ ਤੋਂ ਜਾ ਰਹੇ ਇੱਕ ਟਰਾਲੇ ਨੇ, ਉਨਾਂ ਦੇ ਟੈਮਪੂ ਨੂੰ ਆਪਣੀ ਲਪੇਟ ਵਿਚ ਲੈ ਲਿਆ। ਤਿੰਨ ਜਣਿਆਂ ਦੀ ਮੌਤ ਸਿਵਲ ਹਸਪਤਾਲ ਕੋਟਕਪੂਰ ਵਿਖੇ ਹੋਈ ਜਦਕਿ ਗੰਭੀਰ ਹਾਲਤ ਵਿੱਚ ਬਠਿੰਡਾ ਭੇਜੇ ਗਏ 2 ਜਣੇ ਵੀ ਚੱਲ ਵਸੇ। ਮ੍ਰਿਤਕਾਂ ਵਿਚ ਤਿੰਨ ਮਰਦ ਅਤੇ ਦੋ ਔਰਤਾਂ ਨੇ।

-----------------------------------------------------

ਹਿਮਾਚਲ ਪ੍ਰਦੇਸ਼ ਦੇ ਵੱਖ-ਵੱਖ ਹਿੱਸਿਆਂ 'ਚ ਬੀਤੀ ਰਾਤ, ਭੂਚਾਲ ਦੇ ਤੇਜ਼ ਝਟਕੇ ਮਹਿਸੂਸ ਕੀਤੇ ਗਏ । ਇਸ ਦਾ ਕੇਂਦਰ ਚੰਬਾ ਜ਼ਿਲ੍ਹਾ ਰਿਹਾ। ਰਾਤ 9 ਵਜਕੇ 34 ਮਿੰਟ 'ਤੇ ਆਏ ਇਸ ਭੂਚਾਲ ਦੀ ਤੀਬਰਤਾ ਰਿਕਟਰ ਪੈਮਾਨੇ 'ਤੇ 5.3 ਮਾਪੀ ਗਈ। ਭੂਚਾਲ ਦੀ ਡੂੰਘਾਈ ਜ਼ਮੀਨ ਦੀ ਸਤ੍ਹਾ ਤੋਂ 10 ਕਿਲੋਮੀਟਰ ਹੇਠਾਂ ਸੀ ਅਤੇ ਇਸ ਦਾ ਅਸਰ ਕਾਂਗੜਾ, ਹਮੀਰਪੁਰ, ਬਿਲਾਸਪੁਰ, ਮੰਡੀ, ਸੋਲਨ ਤੇ ਸ਼ਿਮਲਾ ਤੱਕ ਮਹਿਸੂਸ ਕੀਤਾ ਗਿਆ । ਏਧਰ ਜਲੰਧਰ ਸਮੇਤ ਪੰਜਾਬ ਦੇ ਕਈ

ਜ਼ਿਲਿਆਂ ਵਿਚ ਵੀ, ਬੀਤੀ ਰਾਤ ਭੂਚਾਲ ਦੇ ਹਲਕੇ ਝਟਕੇ ਮਹਿਸੂਸ ਕੀਤੇ ਗਏ।